# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 23-07-2024**

- ਕੇਂਦਰੀ ਖ਼ਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਨੇ, ਵਿਕਸਤ ਭਾਰਤ ਦੇ ਸੁਪਨੇ ਵਾਲਾ ਕੇਂਦਰੀ ਬਜਟ ਅੱਜ ਸੰਸਦ ਵਿਚ ਪੇਸ਼ ਕੀਤਾ।
- ਤਨਖਾਹਦਾਰ ਮੁਲਾਜਮਾਂ ਲਈ ਸਟੈਂਡਰਡ ਡਿਡਕਸ਼ਨ 50 ਹਜ਼ਾਰ ਤੋਂ ਵਧਾ ਕੇ, 75 ਹਜ਼ਾਰ ਅਤੇ ਪੈਨਸ਼ਨਰਾਂ ਲਈ, ਪਰਿਵਾਰਕ ਪੈਨਸ਼ਨ 'ਤੇ ਕਟੌਤੀ, 15 ਹਜ਼ਾਰ ਤੋਂ ਵਧਾ ਕੇ 25 ਹਜ਼ਾਰ ਰੁਪਏ ਕੀਤੀ ਗਈ।
- ਖੇਤੀਬਾੜੀ ਤੇ ਸਹਾਇਕ ਖੇਤਰਾਂ ਲਈ ਬਜਟ ਵਿੱਚ ਇਕ ਲੱਖ 52 ਹਜ਼ਾਰ ਕਰੋੜ ਰੁਪਏ ਦੀ ਵਿਵਸਥਾ, ਅਗਲੇ ਦੋ ਵਰ੍ਹਿਆਂ ਵਿੱਚ ਦੇਸ਼ ਵਿੱਚ, ਇੱਕ ਕਰੋੜ ਕਿਸਾਨਾਂ ਨੂੰ ਪ੍ਰਮਾਣੀਕਰਣ ਤੇ

ਬ੍ਰਾਂਡਿੰਗ ਰਾਹੀਂ ਸਮਰਥਤ ਕੁਦਰਤੀ ਖੇਤੀ ਵਿੱਚ ਸ਼ਾਮਲ ਕੀਤਾ ਜਾਵੇਗਾ।

- ਆਰਥਿਕ ਮਾਹਰਾਂ ਨੇ ਬਜਟ ਨੂੰ ਲੋਕ ਪੱਖੀ ਦੱਸਦਿਆਂ ਇਸ ਦੀ ਸ਼ਲਾਘਾ ਕੀਤੀ।

---------------------------------------------------

ਕੇਂਦਰੀ ਖ਼ਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਕੌਮੀ ਜਮਹੂਰੀ ਗਠਜੋੜ NDA ਸਰਕਾਰ ਦੇ ਵਿਕਸਤ ਭਾਰਤ ਦੇ ਸੁਪਨੇ ਦਾ ਪਹਿਲਾ ਕੇਂਦਰੀ ਬਜਟ ਅੱਜ ਸੰਸਦ ਵਿਚ ਪੇਸ਼ ਕੀਤਾ । ਇਸ ਨਾਲ ਉਨਾਂ ਲਗਾਤਾਰ ਸੱਤਵੀਂ ਵਾਰ ਬਜਟ ਪੇਸ਼ ਕਰਨ ਦਾ ਵੀ ਰਿਕਾਰਡ ਬਣਾਇਆ ਏ । ਇਸ ਤੋਂ ਪਹਿਲਾਂ ਲਗਾਤਾਰ ਛੇ ਵਾਰ ਬਜਟ ਪੇਸ਼ ਕਰਨ ਦਾ ਰਿਕਾਰਡ ਸਵਰਗੀ ਮੋਰਾਰਜੀ ਦੇਸਾਈ ਦੇ ਨਾਮ ਏ । ਕੇਂਦਰੀ ਬਜਟ 2024-25 ਪੇਸ਼ ਕਰਨ ਤੋਂ ਪਹਿਲਾਂ ਖ਼ਜ਼ਾਨਾ ਮੰਤਰੀ ਸੀਤਾਰਮਨ ਨੇ ਸਥਾਪਤ ਰਵਾਇਤ ਅਨੁਸਾਰ ਰਾਸ਼ਟਰਪਤੀ ਭਵਨ ਵਿਚ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ ।ਬਜਟ ਪੇਸ਼

ਕਰਦਿਆਂ ਖ਼ਜ਼ਾਨਾ ਮੰਤਰੀ ਸੀਤਾਰਮਨ ਨੇ ਕਿਹਾ ਕਿ ਵਿਸ਼ਵ ਵਿਆਪੀ ਰੁਕਾਵਟਾਂ ਦੇ ਬਾਵਜੂਦ ਭਾਰਤੀ ਅਰਥ-ਵਿਵਸਥਾ ਨੇ ਅਗੇ ਵਧਣਾ ਜਾਰੀ ਰੱਖਿਆ ਏ ਅਤੇ ਆਉਣ ਵਾਲੇ ਵਰ੍ਹਿਆਂ ਵਿੱਚ ਇਹ ਸਭ ਤੋਂ ਤੇਜ਼ੀ ਨਾਲ ਵਿਕਾਸ ਕਰਨ ਵਾਲੀ ਅਰਥ-ਵਿਵਸਥਾ ਹੋਵੇਗੀ । 'ਵਿਕਸਿਤ ਭਾਰਤ' ਦੀ ਪੈਰਵੀ ਲਈ ਇੱਕ ਵਿਸਤ੍ਰਿਤ ਰੂਪ ਰੇਖਾ ਪੇਸ਼ ਕਰਦੇ ਹੋਏ, ਬਜਟ ਵਿੱਚ ਸਾਰਿਆਂ ਲਈ ਮੌਕਿਆਂ ਵਾਸਤੇ ਸਰਕਾਰ ਦੀਆਂ 9 ਤਰਜੀਹਾਂ ਦਾ ਜ਼ਿਕਰ ਕੀਤਾ ਗਿਆ ਏ।

-------------------------------------------------------

ਤਰੁਣ ਸ਼੍ਰੇਣੀਆਂ ਤਹਿਤ ਮੁਦਰਾ ਕਰਜ਼ਿਆਂ ਦੀ ਹੱਦ 10 ਲੱਖ ਰੁਪਏ ਤੋਂ ਵਧਾ ਕੇ 20 ਲੱਖ ਰੁਪਏ ਕੀਤੀ ਜਾਵੇਗੀ। ਸੋਨੇ ਅਤੇ ਚਾਂਦੀ 'ਤੇ ਕਸਟਮ ਡਿਊਟੀ ਘਟਾ ਕੇ 6 ਫੀਸਦੀ ਅਤੇ ਪਲੈਟੀਨਮ 'ਤੇ 6.4 ਫੀਸਦੀ ਕੀਤੀ ਗਈ ਏ। 2024-25 ਲਈ ਮਾਲੀ ਘਾਟਾ GDP ਦਾ 4.9 ਫੀਸਦੀ ਹੋਣ ਦਾ ਅਨੁਮਾਨ ਏ । ਨਵੀਂ ਪੈਨਸ਼ਨ ਸਕੀਮ NPS ਲਈ ਰੁਜ਼ਗਾਰ-ਦਾਤਾਵਾਂ ਵਲੋਂ ਮੁਲਾਜਮਾਂ ਦੀ ਤਨਖਾਹ ਦੇ ਖਰਚੇ ਦੀ ਕਟੌਤੀ ਨੂੰ 10 ਤੋਂ ਵਧਾ ਕੇ 14 ਫੀਸਦੀ ਤਕ ਕਰ ਦਿੱਤਾ ਗਿਆ ਏ। ਟੈਕਸ ਦਾਤਿਆਂ ਨੂੰ

ਰਾਹਤ ਦਿੰਦਿਆਂ ਨਵੀਂ ਟੈਕਸ ਵਿਵਸਥਾ ਦਾ ਐਲਾਨ ਕੀਤਾ ਗਿਆ ਏ। ਖ਼ਜ਼ਾਨਾ ਮੰਤਰੀ ਨੇ ਵਿਕਾਸ ਜਰੂਰਤਾਂ ਲਈ ਵਿਦੇਸ਼ੀ ਪੂੰਜੀ ਆਕਰਸ਼ਿਤ ਕਰਨ ਲਈ ਵਿਦੇਸ਼ੀ ਕੰਪਨੀਆਂ 'ਤੇ ਕਾਰਪੋਰੇਟ ਟੈਕਸ ਦੀ ਦਰ ਨੂੰ 40 ਤੋਂ ਘਟਾ ਕੇ 35 ਫੀਸਦੀ ਤੱਕ ਕਰਨ ਦਾ ਐਲਾਨ ਕੀਤਾ ਏ । ਭਾਰਤੀ ਸਟਾਰਟ-ਅੱਪ ਈਕੋ-ਸਿਸਟਮ ਨੂੰ ਮਜ਼ਬੂਤ ਕਰਨ, ਉੱਦਮੀ ਭਾਵਨਾ ਨੂੰ ਹੁਲਾਰਾ ਦੇਣ ਅਤੇ ਨਵੀਨਤਾ ਦੀ ਹਮਾਇਤ ਕਰਨ ਲਈ ਪੂੰਜੀਕਾਰਾਂ ਦੇ ਸਾਰੇ ਵਰਗਾਂ ਲਈ ਅਖੌਤੀ ਐਂਜਲ ਟੈਕਸ ਨੂੰ ਖਤਮ ਕਰ ਦਿੱਤਾ ਏ।

---------------------------------------------------------------------------

ਨਿਰਮਲਾ ਸੀਤਾਰਮਨ ਨੇ ਕਿਹਾ ਕਿ ਬਜਟ ਵਿੱਚ ਖੇਤੀਬਾੜੀ ਅਤੇ ਸਹਾਇਕ ਖੇਤਰਾਂ ਲਈ ਇਕ ਲੱਖ 52 ਹਜ਼ਾਰ  ਕਰੋੜ ਰੁਪਏ ਦੀ ਵਿਵਸਥਾ ਕੀਤੀ ਗਈ ਏ । ਅਗਲੇ 2 ਵਰ੍ਹਿਆਂ ਵਿੱਚ, ਦੇਸ਼ ਭਰ ਵਿੱਚ ਇੱਕ ਕਰੋੜ ਕਿਸਾਨਾਂ ਨੂੰ ਪ੍ਰਮਾਣੀਕਰਣ ਅਤੇ ਬ੍ਰਾਂਡਿੰਗ ਰਾਹੀਂ ਸਮਰਥਤ ਕੁਦਰਤੀ ਖੇਤੀ ਵਿੱਚ ਸ਼ਾਮਲ ਕੀਤਾ ਜਾਵੇਗਾ ।ਉਨਾਂ ਕਿਹਾ ਕਿ ਸਬਜ਼ੀਆਂ ਦੇ ਉਤਪਾਦਨ ਲਈ, ਵੱਡੇ ਪੱਧਰ 'ਤੇ ਕਲੱਸਟਰਾਂ ਨੂੰ ਵੱਡੇ

ਖਪਤ ਕੇਂਦਰਾਂ ਦੇ ਨੇੜੇ ਵਿਕਸਤ ਕੀਤਾ ਜਾਵੇਗਾ। ਸਰਕਾਰ ਸਹਿਕਾਰੀ ਖੇਤਰ ਦੇ ਯੋਜਨਾਬੱਧ, ਵਿਵਸਥਿਤ ਅਤੇ ਸਰਬਪੱਖੀ ਵਿਕਾਸ ਲਈ ਕੌਮੀ ਸਹਿਕਾਰਤਾ ਨੀਤੀ ਲਿਆਵੇਗੀ।ਨਿਰਮਲਾ ਸੀਤਾਰਮਨ ਨੇ ਕਿਹਾ ਕਿ ਬਜਟ ਵਿੱਚ ਦੋ ਕਰੋੜ 10 ਲੱਖ ਨੌਜਵਾਨਾਂ ਨੂੰ ਲਾਭ ਪਹੁੰਚਾਉਣ ਲਈ ਪਹਿਲੀ ਵਾਰ ਮੁਲਾਜ਼ਮਾਂ ਲਈ ਨਵੀਂ ਯੋਜਨਾ ਸ਼ੁਰੂ ਕੀਤੀ ਗਈ ਏ। ਇਸ ਤਹਿਤ ਸਰਕਾਰ ਪਹਿਲੀ ਵਾਰ ਇੱਕ ਲੱਖ ਰੁਪਏ ਤੱਕ ਦੀ ਤਨਖਾਹ ਲੈਣ ਵਾਲੇ ਮੁਲਾਜ਼ਮਾਂ ਦੇ ਖਾਤਿਆਂ ਵਿੱਚ ਸਿੱਧੇ ਤੌਰ 'ਤੇ ਤਿੰਨ ਕਿਸ਼ਤਾਂ ਵਿੱਚ 15 ਹਜ਼ਾਰ ਰੁਪਏ ਤੱਕ ਦੀ ਇੱਕ ਮਹੀਨੇ ਦੀ ਤਨਖਾਹ ਟਰਾਂਸਫਰ ਕਰੇਗੀ। ਰੁਜ਼ਗਾਰ ਦੇ ਪਹਿਲੇ 4 ਸਾਲਾਂ ਵਿੱਚ ਨਿਰਮਾਣ ਖੇਤਰ ਵਿੱਚ ਸਰਕਾਰ ਵਾਧੂ ਰੁਜ਼ਗਾਰ ਨੂੰ ਪ੍ਰੋਤਸਾਹਿਤ ਕਰੇਗੀ, 30 ਲੱਖ ਨੌਜਵਾਨਾਂ ਅਤੇ ਉਨ੍ਹਾਂ ਦੇ ਰੁਜ਼ਗਾਰਦਾਤਾ ਨੂੰ ਉਨ੍ਹਾਂ ਦੇ EPFO ਯੋਗਦਾਨ ਦੇ ਸਬੰਧ ਵਿੱਚ ਪ੍ਰੋਤਸਾਹਨ ਮਿਲੇਗਾ। ਨਿਰਮਲਾ ਸੀਤਾਰਮਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਪੈਕੇਜ ਦੇ ਤਹਿਤ ਪੰਜ ਸਾਲਾਂ ਦੀ ਮਿਆਦ ਵਿੱਚ 20 ਲੱਖ ਨੌਜਵਾਨਾਂ ਨੂੰ ਹੁਨਰਮੰਦ ਬਣਾਇਆ ਜਾਵੇਗਾ। ਬਜਟ ਵਿੱਚ ਘਰੇਲੂ ਸੰਸਥਾਵਾਂ ਵਿੱਚ ਉੱਚ ਸਿੱਖਿਆ ਲਈ 10 ਲੱਖ ਰੁਪਏ ਤੱਕ

ਦੇ ਕਰਜ਼ੇ ਦੀ ਵਿੱਤੀ ਸਹਾਇਤਾ ਦਾ ਐਲਾਨ ਕੀਤਾ ਗਿਆ ਏ। ਉਨਾਂ ਅਪੀਲ ਵਿੱਚ ਲੰਬਿਤ ਕੁਝ ਆਮਦਨ ਕਰ ਵਿਵਾਦਾਂ ਦੇ ਹੱਲ ਲਈ ਵਿਵਾਦ ਸੇ ਵਿਸ਼ਵਾਸ ਯੋਜਨਾ, 2024 ਦੀ ਤਜਵੀਜ ਕੀਤੀ ਏ। ਪ੍ਰਤੱਖ ਟੈਕਸ, ਆਬਕਾਰੀ ਤੇ ਸੇਵਾ ਕਰ ਨਾਲ ਸਬੰਧਤ ਅਪੀਲਾਂ ਦਾਇਰ ਕਰਨ ਲਈ ਮੁਦਰਾ ਸੀਮਾ ਵਧਾ ਦਿੱਤੀ ਗਈ ਏ। ਇਹ ਟੈਕਸ ਟ੍ਰਿਬਿਊਨਲ ਲਈ 60 ਲੱਖ ਰੁਪਏ, ਹਾਈ ਕੋਰਟਾਂ ਲਈ 2 ਕਰੋੜ ਰੁਪਏ ਅਤੇ ਸੁਪਰੀਮ ਕੋਰਟ ਲਈ 5 ਕਰੋੜ ਰੁਪਏ ਹੋਵੇਗੀ।

--------------------------------------------------------

ਨਿਰਮਲਾ ਸੀਤਾਰਮਨ ਨੇ ਇਨਕਮ-ਟੈਕਸ ਐਕਟ, 1961 ਦੀ ਵਿਆਪਕ ਸਮੀਖਿਆ ਦਾ ਐਲਾਨ ਕੀਤਾ ਅਤੇ ਕਿਹਾ ਕਿ ਇਸ ਨੂੰ ਸੰਖੇਪ, ਸਪਸ਼ਟ, ਪੜ੍ਹਨ ਅਤੇ ਸਮਝਣ ਵਿੱਚ ਆਸਾਨ ਬਣਾਉਣ ਲਈ ਅਜਿਹਾ ਕੀਤਾ ਜਾਵੇਗਾ। ਉਨਾਂ ਕਿਹਾ ਕਿ ਸੋਨੇ ਅਤੇ ਚਾਂਦੀ 'ਤੇ ਕਸਟਮ ਡਿਊਟੀ ਘਟਾ ਕੇ 6 ਫੀਸਦੀ ਅਤੇ ਪਲੈਟੀਨਮ 'ਤੇ 6.4 ਫੀਸਦੀ ਕਰ ਦਿੱਤੀ ਗਈ ਏ। ਖਜਾਨਾ ਮੰਤਰੀ ਨੇ ਹਾਊਸਿੰਗ ਸੈਕਟਰ ਲਈ ਵੀ ਕਈ ਤਜਵੀਜ਼ਾਂ ਦਾ ਐਲਾਨ ਕੀਤਾ ਏ। ਦੇਸ਼ ਵਿੱਚ ਪੇਂਡੂ ਅਤੇ ਸ਼ਹਿਰੀ ਖੇਤਰਾਂ

ਵਿੱਚ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਤਿੰਨ ਕਰੋੜ ਵਾਧੂ ਘਰ ਬਣਾਏ ਜਾਣਗੇ, ਜਿਸ ਲਈ ਜਰੂਰੀ ਫੰਡ ਅਲਾਟ ਕੀਤੇ ਜਾਣਗੇ। ਉਨਾਂ ਅੱਗੇ ਐਲਾਨ ਕੀਤਾ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ ਸ਼ਹਿਰੀ 2.0 ਤਹਿਤ, 10 ਲੱਖ ਕਰੋੜ ਰੁਪਏ ਦੀ ਪੂੰਜੀਕਾਰੀ ਨਾਲ ਇਕ ਕਰੋੜ ਸ਼ਹਿਰੀ ਗਰੀਬ ਅਤੇ ਮੱਧ-ਵਰਗੀ ਪਰਿਵਾਰਾਂ ਦੀਆਂ ਰਿਹਾਇਸ਼ਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕੀਤਾ ਜਾਵੇਗਾ।

--------------------------------------------------------------------

Reaction

ਆਮ ਬਜਟ ਤੇ ਆਪਣੀ ਪ੍ਰਤੀਕ੍ਰਿਆ ਦੇਂਦਿਆਂ ਭਾਰਤੀ ਸਟੇਟ ਬੈਂਕ ਦੇ ਸਾਬਕਾ ਡਿਪਟੀ ਜਨਰਲ ਮੈਨੇਜਰ ਸੁਰਿੰਦਰ ਕਪੂਰ ਨੇ ਕਿਹਾ ਕਿ ਇਹ ਖ਼ਾਸਤੌਰ ਤੇ ਮੱਧ ਵਰਗ ਲਈ ਬਹੁਤ ਹੀ ਫਾਇਦੇਮੰਦ ਬਜਟ ਏ।

**BYTE:**

ਆਰਥਿਕ ਮਾਮਲਿਆਂ ਦੇ ਮਾਹਰ ਤੇ ਭਾਰਤੀ ਸਟੇਟ ਬੈਂਕ ਦੇ ਸਾਬਕਾ ਸਹਾਇਕ ਜਨਰਲ ਮੈਨੇਜਰ ਡਾਕਟਰ ਤਜਿੰਦਰ ਸਿੰਘ ਖਾਲਸਾ ਨੇ ਕਿਹਾ ਕਿ ਬਜਟ ਸ਼ਲਾਘਾਯੋਗ ਏ।

**BYTE:**

---------------------------------------------------------------

ਭਾਰਤੀ ਜਨਤਾ ਪਾਰਟੀ ਦੇ ਕੌਮੀ ਬੁਲਾਰੇ ਜੈਵੀਰ ਸ਼ੇਰਗਿੱਲ ਨੇ ਕਿਹਾ ਕਿ ਇਹ ਬਜਟ, ਨੌਜਵਾਨਾਂ, ਔਰਤਾਂ, ਕਿਸਾਨਾਂ, ਸੂਖਮ ਲਘੂ ਤੇ ਦਰਮਿਆਨੇ ਉਦਯੋਗਾਂ ਅਤੇ ਤਨਖਾਹਦਾਰ ਵਰਗ ਲਈ "ਖੁਸ਼ਹਾਲ ਦਿਨ" ਲਿਆਏਗਾ। ਉਨਾਂ ਕਿਹਾ ਕਿ "ਯੋਜਨਾ, ਪ੍ਰਦਾਨ ਕਰੋ, ਤਰੱਕੀ ਅਤੇ ਖੁਸ਼ਹਾਲ" ਬਜਟ ਦਾ ਵਿਸ਼ਾ ਏ। ਇਕ ਬਿਆਨ ਵਿਚ ਸ਼ੇਰਗਿੱਲ ਨੇ ਕਿਹਾ ਕਿ ਖੇਤੀ ਸੈਕਟਰ ਲਈ ਰੱਖੇ ਗਏ ਇਕ ਲੱਖ 54 ਹਜ਼ਾਰ ਕਰੋੜ ਰੁਪਏ ਦੇ ਬਜਟ ਤੋਂ ਪੰਜਾਬ ਦੇ ਕਿਸਾਨਾਂ ਨੂੰ ਵੱਡਾ ਲਾਭ ਹੋਵੇਗਾ। ਉਨਾਂ ਕਿਹਾ ਕਿ ਪਿਛਲੇ ਮਹੀਨੇ 24 ਵੱਡੀਆਂ ਫਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ ਵਧਾਉਣ ਤੋਂ ਬਾਅਦ ਹੁਣ ਇਕ ਲੱਖ 54 ਹਜ਼ਾਰ ਕਰੋੜ ਰੁਪਏ ਦਾ ਇਹ ਵੱਡਾ ਐਲਾਨ, ਕਿਸਾਨਾਂ ਲਈ ਬਹੁਤ ਚੰਗਾ ਏ।

---------------------------------------------------------------

ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ, ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡ ਘੁਮਾਣ ਵਿਖੇ, ਸ਼੍ਰੋਮਣੀ ਭਗਤ ਨਾਮਦੇਵ ਜੀ ਦੀ ਯਾਦ ਨੂੰ ਸਮਰਪਿਤ, “ਸੰਤ ਨਾਮਦੇਵ ਜੀ ਯਾਤਰੀ ਨਿਵਾਸ” ਭਵਨ ਦਾ ਅੱਜ ਨੀਂਹ ਪੱਥਰ ਰੱਖਿਆ । ਦੱਸਣਯੋਗ ਏ ਕਿ ਰਾਜਪਾਲ ਨੇ, ਇਸ ਭਵਨ ਦੇ ਨਿਰਮਾਣ ਲਈ ਆਪਣੇ ਫੰਡ ਵਿੱਚੋਂ ਇਕ ਕਰੋੜ ਰੁਪਏ ਦੀ ਗ੍ਰਾਂਟ ਦਿੱਤੀ ਏ। ਇਸ ਭਵਨ ਵਿੱਚ ਕੁੱਲ 10 ਕਮਰੇ, 1 ਹਾਲ ਅਤੇ 1 ਰਸੋਈ ਬਣਾਈ ਜਾਵੇਗੀ, ਜਿਸ ਦਾ ਮੰਤਵ, ਦੇਸ਼-ਵਿਦੇਸ਼ ਤੋਂ ਆਉਣ ਵਾਲੇ ਸ਼ਰਧਾਲੂਆਂ ਨੂੰ ਸਹੂਲਤਾਂ ਪ੍ਰਦਾਨ ਕਰਨਾ ਏ। ਜ਼ਿਕਰਯੋਗ ਏ ਕਿ ਭਗਤ ਨਾਮਦੇਵ ਜੀ ਮਹਾਰਾਸ਼ਟਰ ਤੋਂ ਚੱਲ ਕੇ, ਦੇਸ਼ ਦੇ ਵੱਖ-ਵੱਖ ਹਿੱਸਿਆਂ ਦੀ ਯਾਤਰਾ ਕਰਦੇ ਹੋਏ ਪੰਜਾਬ ਪਹੁੰਚੇ ਸਨ, ਜਿੱਥੇ ਉਨ੍ਹਾਂ ਨੇ ਪਿੰਡ ਘੁਮਾਣ ਅਤੇ ਨੇੜਲੇ ਪਿੰਡ ਭੱਟੀਵਾਲ ਵਿੱਚ ਡੇਰਾ ਲਾਇਆ ਸੀ । ਭਗਤ ਨਾਮਦੇਵ ਜੀ 18 ਸਾਲ ਘੁਮਾਣ ਵਿੱਚ ਰਹੇ ਅਤੇ ਸਾਲ 1350 ਵਿੱਚ ਜੋਤੀ-ਜੋਤ ਸਮਾ ਗਏ। ਪਿੰਡ ਘੁਮਾਣ ਵਿੱਚ ਹੀ ਭਗਤ ਨਾਮਦੇਵ ਜੀ ਦੀ ਸਮਾਧ

ਮੌਜੂਦ ਏ, ਜਿੱਥੇ ਦੁਨੀਆਂ ਭਰ ਤੋਂ ਸ਼ਰਧਾਲੂ ਮੱਥਾ ਟੇਕਣ ਲਈ ਆਉਂਦੇ ਨੇ।

---------------------------------------------------

16ਵੇਂ ਵਿਤ ਕਮਿਸ਼ਨ ਦੇ ਚੇਅਰਮੈਨ ਅਰਵਿੰਦ ਪਨਗੜੀਆ ਅੱਜ ਅੰਮ੍ਰਿਤਸਰ ਪਹੁੰਚੇ। ਉਨਾਂ ਪਹਿਲਾਂ ਪੰਜਾਬ ਦੇ ਵਪਾਰੀਆਂ ਨਾਲ ਇਕ ਮੀਟਿੰਗ ਕੀਤੀ। ਪੰਜਾਬ ਦੇ ਕੈਬਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਹਰਭਜਨ ਸਿੰਘ ਈਟੀਓ ਅਤੇ ਵਿੱਤ ਮੰਤਰੀ ਹਰਪਾਲ ਚੀਮਾ ਵੀ ਇਸ ਵਿਚ ਮੌਜੂਦ ਰਹੇ। ਅਰਵਿੰਦ ਪੰਨਗੜੀਆ ਸੱਚਖੰਡ ਸ੍ਰੀ ਦਰਬਾਰ ਸਾਹਿਬ ਵਿਖੇ, ਮੱਥਾ ਟੇਕਣ ਪਹੁੰਚੇ ਜਿੱਥੇ ਉਨਾਂ ਦਰਬਾਰ ਸਾਹਿਬ ਵਿੱਚ ਮੱਥਾ ਟੇਕ ਕੇ ਵਾਹਿਗੁਰੂ ਦਾ ਸ਼ੁਕਰਾਨਾ ਕੀਤਾ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਅਰਵਿੰਦ ਪਨਗੜੀਆ ਨੂੰ ਸਨਮਾਨਿਤ ਵੀ ਕੀਤਾ ਗਿਆ।

---------------------------------------------------

**ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਕੇਂਦਰੀ ਖ਼ਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਨੇ, ਵਿਕਸਤ ਭਾਰਤ ਦੇ ਸੁਪਨੇ ਵਾਲਾ ਕੇਂਦਰੀ ਬਜਟ ਅੱਜ ਸੰਸਦ ਵਿਚ ਪੇਸ਼ ਕੀਤਾ।
- ਤਨਖਾਹਦਾਰ ਮੁਲਾਜਮਾਂ ਲਈ ਸਟੈਂਡਰਡ ਡਿਡਕਸ਼ਨ 50 ਹਜ਼ਾਰ ਤੋਂ ਵਧਾ ਕੇ, 75 ਹਜ਼ਾਰ ਅਤੇ ਪੈਨਸ਼ਨਰਾਂ ਲਈ, ਪਰਿਵਾਰਕ ਪੈਨਸ਼ਨ 'ਤੇ ਕਟੌਤੀ, 15 ਹਜ਼ਾਰ ਤੋਂ ਵਧਾ ਕੇ 25 ਹਜ਼ਾਰ ਰੁਪਏ ਕੀਤੀ ਗਈ।
- ਖੇਤੀਬਾੜੀ ਤੇ ਸਹਾਇਕ ਖੇਤਰਾਂ ਲਈ ਬਜਟ ਵਿੱਚ ਇਕ ਲੱਖ 52 ਹਜ਼ਾਰ ਕਰੋੜ ਰੁਪਏ ਦੀ ਵਿਵਸਥਾ, ਅਗਲੇ ਦੋ ਵਰ੍ਹਿਆਂ ਵਿੱਚ ਦੇਸ਼ ਵਿੱਚ, ਇੱਕ ਕਰੋੜ ਕਿਸਾਨਾਂ ਨੂੰ ਪ੍ਰਮਾਣੀਕਰਣ ਤੇ ਬ੍ਰਾਂਡਿੰਗ ਰਾਹੀਂ ਸਮਰਥਤ ਕੁਦਰਤੀ ਖੇਤੀ ਵਿੱਚ ਸ਼ਾਮਲ ਕੀਤਾ ਜਾਵੇਗਾ।
- ਆਰਥਿਕ ਮਾਹਰਾਂ ਨੇ ਬਜਟ ਨੂੰ ਲੋਕ ਪੱਖੀ ਦੱਸਦਿਆਂ ਇਸ ਦੀ ਸ਼ਲਾਘਾ ਕੀਤੀ।